ਨੰ:2/92/2007-2ਸਿ:3/ 17716

C.B.S.E./Aff./SS-00670-1011/
1630455/

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3-ਸ਼ਾਖਾ)

ਸੇਵਾ ਵਿਖੇ,

ਪ੍ਰਿੰਸੀਪਲ,
ਸੁਪਰੀਮ ਕੌਨਵੈਂਟ ਸਕੂਲ,
ਰਾਮਾ ਰੋਡ ਬਿਲਾਸਪੁਰ,
ਮੋਗਾ।

ਮਿਤੀ,ਚੰਡੀਗੜ੍ਹ: 23/6/07

ਵਿਸ਼ਾ:- ਸੁਪਰੀਮ ਕੋਨਵੈਂਟ ਸਕੂਲ, ਰਾਮਾ ਰੋਡ ਬਿਲਾਸਪੁਰ (ਮੋਗਾ) ਨੂੰ ਸੀ.ਬੀ.ਐਸ.ਈ., ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

*****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:), ਪਟਿਆਲਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ--2

[signature]
Principal
Supreme Convent School
Bilaspur (Moga)
Affiliation No: 1630455

3. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਸੰਯੁਕਤ ਸਕੱਤਰ ਸਕੂਲ ਸਿੱਖਿਆ

ਪਿੱਠ ਅੰਕਣ ਨੰ: 2/92/2007-2ਸਿ:3/

ਮਿਤੀ,ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ :15/47-2007-ਗਰਾਂਟ(1) ਮਿਤੀ 21-6-2007 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ,ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਸੰਯੁਕਤ ਸਕੱਤਰ ਸਕੂਲ ਸਿੱਖਿਆ

Principal
Supreme Convent School
Bilaspur (Moga)
Affiliation No. 1630455

# ENGLISH TRANSLATION OF NO OBJECTION CERTIFICATE

NO: 2 / 92 / 2007 – 2E3 / 17716 CBSE/Aff./SS-00670-10/1/1630455/
Punjab Government
Education Department
( Education – 3 Branch )

To,

Principal,
Supreme Convent School,
Rama Road,Bilaspur,
Moga

Date, Chandigarh : 28/06/07

Subject: For issuance of No Objection Certificate to Supreme Convent School Rama Road,Bilaspur ( Moga )for Affiliation with C.B.S.E New Delhi.

*****

Respected Sir,

Reference to the above:

After thoroughly thinking on the documents provided by the school management including the affidavits and on the recommendations of District Education Officer (Secondary) Moga and Director Education Department (S.E), Punjab, Chandigarh the required No Objection Certificate is issued under following conditions:-

1. If, in future on any report or inspection it is found that you applied for NOC with wrong information or you are not following instructions issued by Punjab government from time to time and that you are not following the conditions of the affidavit given by you then your NOC can be taken back.
2. It will be compulsory for your school to teach Punjabi upto 10$^{th}$ class and it would be necessary for C.B.S.E to take exams for Punjabi subject in these schools. It is also said that if the above written is not done then the NOC will be taken back immediately.
3. That the school management will promisingly pay the salary and other allowances to teaching and non teaching staff according to the Government grades after affiliation with C.B.S.E New Delhi. If the school fails to do so NOC will be taken Back Immediately.
4. You and your management will make sure that you will provide all information and support on demand to the D.E.O of your District or any other senior officer of education department

Joint Secretary School Education

No. 2 /92 /2007 – 2E3

Date, Chandigarh

Copy to Director Education Department (S.E) Punjab, Chandigarh with reference to their memo no: 15/ 47 – 2007 – Grant (1)Dated 21-06-07 is sent and it is requested that the above school should be inspected once in every five years and the report sent to the government so that it would be known that all instructions issued by the Government are followed by the school or not.

Joint Secretary School Education

Principal
Supreme Convent School
Bilaspur (Moga)